## ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ।

ਹੁਕਮ ਨੰ: 6/315-10 ਅ-2 (3/7) (ਕੋ:ਸੈਲ (2) )
ਮਿਤੀ, ਐਸ.ਏ.ਐਸ.ਨਗਰ :-21-04-16

ਸ਼੍ਰੀਮਤੀ ਸਰਬਜੀਤ ਕੌਰ, ਸ..ਸ ਮਿਸਟ੍ਰੈਸ, ਸ.ਸ.ਸ.ਸ ਕਾਲੀਏ ਵਾਲਾ , ਜ਼ਿਲ੍ਹਾ ਮੋਗਾ ਜੋ ਮਿਤੀ 04-10-2006 ਤੋਂ ਸਰਕਾਰੀ ਡਿਊਟੀ ਤੋਂ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਚੱਲੀ ਆ ਰਹੀ ਹੈ, ਨੂੰ ਦਫਤਰ ਦੇ ਹੁਕਮ ਨੰ: 6/315-10 ਅ-2 (3) ਮਿਤੀ 25-01-11 ਰਾਹੀਂ ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਨਿਯਾਂਮਾਵਲੀ 1970 ਦੇ ਨਿਯਮ 8 ਅਧੀਨ ਦੋਸ਼ ਸੂਚੀ ਜਾਰੀ ਕੀਤੀ ਗਈ ਸੀ।

ਸ਼੍ਰੀਮਤੀ ਸਰਬਜੀਤ ਕੌਰ, ਸ..ਸ ਮਿਸਟ੍ਰੈਸ, ਸ.ਸ.ਸ.ਸ ਕਾਲੀਏ ਵਾਲਾ , ਜ਼ਿਲ੍ਹਾ ਮੋਗਾ ਵੱਲੋ ਦੋਸ਼ ਸੂਚੀ ਦਾ ਉਤਰ ਪ੍ਰਾਪਤ ਨਾ ਹੋਣ ਕਾਰਨ, ਉਸ ਵਿਰੁੱਧ ਦੋਸ਼ ਸੂਚੀ ਵਿਚ ਲਗਾਏ ਗਏ ਦੋਸ਼ਾਂ ਦੀ ਸਚਾਈ ਜਾਨਣ ਲਈ ਦਫਤਰ ਦੇ ਹੁਕਮ ਨੰ: 6/315-10 ਅ-2 (3) ਮਿਤੀ 06-06-11/27-06-11 ਰਾਹੀ ਸ਼੍ਰੀਮਤੀ ਹਰਿੰਦਰਪਾਲ ਕੌਰ, ਪ੍ਰਿੰਸੀਪਲ, ਸ.ਕੰ.ਸ.ਸ.ਸ ਚੜਿੱਕ, ਜ਼ਿਲ੍ਹਾ ਮੋਗਾ ਨੂੰ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ ਸੀ। ਪੜਤਾਲੀਆ ਅਫਸਰ ਵੱਲੋਂ ਪ੍ਰਾਪਤ ਹੋਈ ਪੜਤਾਲ ਰਿਪੋਰਟ ਅਨੁਸਾਰ ਕਰਮਚਾਰਨ ਵਿਰੁੱਧ ਮਿਤੀ 04-10-2006 ਤੋਂ ਸਰਕਾਰੀ ਡਿਊਟੀ ਤੋ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਦਾ ਦੋਸ਼ ਸਿੱਧ ਕੀਤਾ।

ਕੁਦਰਤੀ ਨਿਆਂ ਨੂੰ ਮੁੱਖ ਰੱਖਦੇ ਹੋਏ ਸ਼੍ਰੀਮਤੀ ਸਰਬਜੀਤ ਕੌਰ, ਸ..ਸ ਮਿਸਟ੍ਰੈਸ, ਸ.ਸ.ਸ.ਸ ਕਾਲੀਏ ਵਾਲਾ , ਜ਼ਿਲ੍ਹਾ ਮੋਗਾ ਨੂੰ ਆਪਣੀ ਡਿਊਟੀ ਤੋਂ ਅਣ-ਅਧਿਕਾਰਤ ਤੌਰ ਤੇ ਗੈਰ-ਹਾਜ਼ਰ ਰਹਿਣ ਕਾਰਨ ਮਿਤੀ 17-03-16 ਨੂੰ ਜਗ ਬਾਣੀ ਅਖਬਾਰ ਵਿਚ ਪਬਲਿਕ ਨੋਟਿਸ ਦਿੱਤਾ ਗਿਆ ਜਿਸ ਵਿੱਚ ਲੜੀ ਨੰ:1 ਤੇ ਇਸ ਕਰਮਚਾਰਨ ਦਾ ਨਾਂ ਸਾਮਲ ਹੈ। ਇਸ ਇਸ਼ਤਿਹਾਰ ਰਾਹੀਂ ਕਰਮਚਾਰਨ ਨੂੰ ਮੌਕਾ ਦਿੱਤਾ ਗਿਆ ਕਿ ਉਹ ਆਪਣੇ ਪੱਖ ਵਿਚ ਜੇਕਰ ਕੁਝ ਕਹਿਣਾ ਚਾਹੁੰਦੀ ਹੈ ਤਾਂ ਨੋਟਿਸ ਛੱਪਣ ਦੇ 21 ਦਿਨਾਂ ਦੇ ਅੰਦਰ ਅੰਦਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕਰੇ ਪਰੰਤੂ ਇਸ ਨੋਟਿਸ ਦੇ ਜਵਾਬ ਵਿਚ ਕਰਮਚਾਰਨ ਨੇ ਨਾ ਤਾਂ ਕੋਈ ਉਤਰ ਦਿੱਤਾ ਅਤੇ ਨਾ ਹੀ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕੀਤਾ। ਇਸ ਤੋ ਇਹ ਸਪਸ਼ਟ ਹੈ ਕਿ ਕਰਮਚਾਰਨ ਸਰਕਾਰੀ ਨੌਕਰੀ ਚਾਲੂ ਰੱਖਣ ਵਿਚ ਦਿਲਚਸਪੀ ਨਹੀ ਰੱਖਦੀ ਅਤੇ ਉਸਨੂੰ ਆਪਣੇ ਵਿਰੁੱਧ ਲੱਗੇ ਦੋਸ਼ਾਂ ਤੋਂ ਇਨਕਾਰੀ ਨਹੀਂ ਹੈ।

ਉਪਰੋਕਤ ਸਥਿਤੀ ਨੂੰ ਦੇਖਦੇ ਹੋਏ ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਸ਼੍ਰੀਮਤੀ ਸਰਬਜੀਤ ਕੌਰ, ਸ..ਸ ਮਿਸਟ੍ਰੈਸ, ਸ.ਸ.ਸ.ਸ ਕਾਲੀਏ ਵਾਲਾ , ਜ਼ਿਲ੍ਹਾ ਮੋਗਾ ਦੇ ਅਣ-ਅਧਿਕਾਰਤ ਤੌਰ ਤੇ ਮਿਤੀ 04-10-2006 ਤੋਂ ਹੁਣ ਤੱਕ ਲਗਾਤਾਰ ਸਰਕਾਰੀ ਡਿਊਟੀ ਤੋ ਜਾਣਬੁੱਝ ਕੇ ਗੈਰ ਹਾਜਰ ਰਹਿਣ ਦੇ ਦੋਸ਼ ਕਾਰਨ ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਨਿਯਮਾਂਵਲੀ 1970 ਦੇ ਨਿਯਮ 5 (viii) ਅਧੀਨ ਉਸ ਦੀਆਂ ਸੇਵਾਵਾਂ ਖਤਮ ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ।

ਪਿੱਠ ਅੰਕਣ ਨੰ: ਉਕਤ / 7806-09 ਮਿਤੀ, ਐਸ.ਏ.ਐਸ.ਨਗਰ : 16/5/16

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਫਰੀਦਕੋਟ।
2. ਜਿਲਾ ਸਿੱਖਿਆ ਅਫਸਰ (ਸੈ:ਸਿ), ਮੋਗਾ ਨੂੰ ਭੇਜਕੇ ਲਿਖਿਆ ਜਾਂਦਾ ਹੈ ਕਿ ਕਰਮਚਾਰੀ ਦੀ ਸੇਵਾ ਪੱਤਰੀ ਵਿਚ ਲਾਲ ਸਿਆਹੀ ਨਾਲ ਸੇਵਾਵਾਂ ਖਤਮ ਕਰਨ ਸਬੰਧੀ ਇੰਦਰਾਜ ਕਰਵਾਉਣਾ ਯਕੀਨੀ ਬਣਾਇਆ ਜਾਵੇ ਅਤੇ ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ।
3. (ਰਜਿਸਟਰਡ) ਪ੍ਰਿੰਸੀਪਲ/ ਮੁੱਖ ਅਧਿਆਪਕ, ਸ.ਸ.ਸ.ਸ ਕਾਲੀਏ ਵਾਲਾ , ਜ਼ਿਲ੍ਹਾ ਮੋਗਾ ਨੂੰ ਕਰਮਚਾਰਨ ਦੀ ਸੇਵਾਪੱਤਰੀ ਭੇਜ ਕੇ ਲਿਖਿਆ ਜਾਂਦਾ ਹੈ ਕਿ ਇਹ ਹੁਕਮ ਕਰਮਚਾਰੀ ਦੇ ਮੌਜੂਦਾ ਘਰ ਦੇ ਪਤੇ ਤੇ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ। ਕਰਮਚਾਰੀ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕਰਕੇ ਤਸਦੀਕ ਸ਼ੁਦਾ ਕਾਪੀ ਇਸ ਦਫਤਰ ਨੂੰ ਭੇਜੀ ਜਾਵੇ।
4. ਸ਼੍ਰੀਮਤੀ ਸਰਬਜੀਤ ਕੌਰ, ਸ..ਸ ਮਿਸਟ੍ਰੈਸ, ਸ.ਸ.ਸ.ਸ ਕਾਲੀਏ ਵਾਲਾ , ਜ਼ਿਲ੍ਹਾ ਮੋਗਾ।

ਨੱਥੀ:-ਸੇਵਾਪੱਤਰੀ(ਅਸਲ)

ਸੁਪਰਡੈਂਟ ਕੋਆਰਡੀਨੇਸ਼ਨ ਸੈਲ